## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 10/28-14 ਅ 1(5) ਕੋ:ਸੈਲ:3
ਮਿਤੀ, ਐਸ.ਏ.ਐਸ.ਨਗਰ :- 08.04.2016

ਸ਼੍ਰੀ ਅਸ਼ੋਕ ਕੁਮਾਰ, ਲੈਕਚਰਾਰ ਮੈਥ, ਸਸਸਸ ਨਿਹਾਲੂਵਾਲ, ਜ਼ਿਲ੍ਹਾ ਜਲੰਧਰ ਜੋ ਕਿ ਮਿਤੀ 11.11.95 ਤੋਂ ਅਣਅਧਿਕਾਰਤ ਤੌਰ ਤੇ ਆਪਣੀ ਡਿਊਟੀ ਤੋਂ ਗੈਰਹਾਜਰ ਹਨ, ਨੂੰ ਗੈਰਹਾਜਰੀ ਕਾਰਨ ਵਿਭਾਗ ਵੱਲੋਂ ਹੁਕਮ ਨੰ: 7/67-2010-1 ਸਿ2/1036 ਮਿਤੀ 16-04-10 ਰਾਹੀਂ ਦੋਸ਼ ਸੂਚੀ ਜਾਰੀ ਕੀਤੀ ਗਈ। ਦੋਸ਼ ਸੂਚੀ ਦਾ ਉੱਤਰ ਨਾਂ ਦੇਣ ਕਾਰਨ ਸਰਕਾਰ ਵਲੋਂ ਹੁਕਮ ਨੰ: 7/67//10-5ਸਿ2/6281 ਮਿਤੀ 19.08.11 ਰਾਹੀਂ ਸ੍ਰੀਮਤੀ ਪ੍ਰਿਤਪਾਲ ਕੌਰ ਸਿੱਧੂ, ਡਿਪਟੀ ਡਾਇਰੈਕਟਰ ਫਿਜੀਕਲ ਐਜੂਕੇਸ਼ਨ, ਦ.ਡੀ.ਪੀ.ਆਈ.(ਸ) ਪੰਜਾਬ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵਲੋਂ ਪ੍ਰਾਪਤ ਪੜਤਾਲ ਰਿਪੋਰਟ ਵਿਚ ਲਿਖਿਆ ਗਿਆ ਹੈ ਕਿ ਇਸ ਕਰਮਚਾਰੀ ਵਿਰੁੱਧ ਮਿਤੀ 11.11.95 ਤੋਂ ਹੁਣ ਤੱਕ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰਹਾਜਰ ਰਹਿਣ ਦਾ ਦੋਸ਼ ਸਿੱਧ ਹੁੰਦਾ ਹੈ। ਕਰਮਚਾਰੀ ਮਿਤੀ 30.11.12 ਨੂੰ In absentia ਰਿਟਾਇਰ ਹੋ ਚੁੱਕਾ ਹੈ।

ਇਸ ਸਬੰਧੀ ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀ ਅਸ਼ੋਕ ਕੁਮਾਰ, ਲੈਕਚਰਾਰ ਮੈਥ, ਸਸਸਸ ਨਿਹਾਲੂਵਾਲ, ਜ਼ਿਲ੍ਹਾ ਜਲੰਧਰ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਪਬਲਿਕ ਨੋਟਿਸ ਦਿੱਤਾ ਗਿਆ। ਇਹ ਪਬਲਿਕ ਨੋਟਿਸ ਮਿਤੀ 15.01.16 ਨੂੰ ਜਗਬਾਣੀ ਚੰਡੀਗੜ੍ਹ ਵਿਚ ਪ੍ਰਕਾਸ਼ਿਤ ਹੋਇਆ। ਇਸ ਵਿਚ ਇਸ ਕਰਮਚਾਰੀ ਦਾ ਨਾਂ ਲੜੀ ਨੰ:15 ਤੇ ਸ਼ਾਮਲ ਸੀ। ਇਸ ਪਬਲਿਕ ਨੋਟਿਸ ਰਾਹੀਂ ਕਰਮਚਾਰੀ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰਨ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰੀ ਨੇ ਨਾ ਤਾਂ ਕੋਈ ਲਿਖਤੀ/ਜੁਬਾਨੀ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦਾ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਇਸ ਮਗਰੋਂ ਸੋਧ ਪੱਤਰ ਮਿਤੀ 18.03.16 ਨੂੰ ਜਗਬਾਣੀ/ਟ੍ਰਿਬਿਊਨ ਵਿੱਚ ਪ੍ਰਕਾਸ਼ਿਤ ਹੋਇਆ ਜਿਸ ਵਿੱਚ ਕਰਮਚਾਰੀ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਦੰਡ ਅਤੇ ਅਪੀਲ ) ਨਿਯਮਾਂਵਲੀ 1970 ਦੇ ਨਿਯਮ 5(viii) ਦੀ ਥਾਂ ਤੇ ਪੰਜਾਬ ਸਿਵਲ ਸਰਵਿਸਿਸ ਵਾਲਿਯੂਮ-2 ਦੇ ਨਿਯਮ 3.17 ਏ ਅਧੀਨ ਫਾਰਫੀਟ ਕਰਨ ਸਬੰਧੀ ਸੋਧ ਕੀਤੀ ਗਈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀ ਅਸ਼ੋਕ ਕੁਮਾਰ, ਲੈਕਚਰਾਰ ਮੈਥ, ਸਸਸਸ ਨਿਹਾਲੂਵਾਲ, ਜ਼ਿਲ੍ਹਾ ਜਲੰਧਰ ਜੋ ਮਿਤੀ 11-11-1995 ਤੋਂ ਲਗਾਤਰ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਿਹਾ ਅਤੇ ਮਿਤੀ 30.11.12 In-absentia ਰਿਟਾਇਰ ਹੋ ਚੁੱਕਾ ਹੈ, ਦੀਆਂ ਸੇਵਾਵਾ ਪੰਜਾਬ ਸਿਵਲ ਸਰਵਿਸਿਸ ਵਾਲਿਯੂਮ-2 ਦੇ ਨਿਯਮ 3.17 ਏ ਅਧੀਨ forfeit ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 7147-50. ਮਿਤੀ, ਐਸ.ਏ.ਐਸ.ਨਗਰ :- 3-5-16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਰਜਿ ਜਿਲਾ ਸਿੱਖਿਆ ਅਫਸਰ (ਸੈ:ਸਿ), ਜਲੰਧਰ ਨੂੰ ਕਰਮਚਾਰੀ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ਮੁੱਖਅਧਿਆਪਕ, ਸਸਸਸ ਨਿਹਾਲੂਵਾਲ, ਜ਼ਿਲ੍ਹਾ ਜਲੰਧਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀ ਅਸ਼ੋਕ ਕੁਮਾਰ, ਲੈਕਚਰਾਰ ਮੈਥ, ਸਸਸਸ ਨਿਹਾਲੂਵਾਲ, ਜ਼ਿਲ੍ਹਾ ਜਲੰਧਰ।

ਨੱਥੀ:-ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ